# ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ

ਮੀਮੋ ਨੰ::Transfer Cell/2026/322388/2656 ਮਿਤੀ: 17.07.2026

ਜਨਤਕ ਸੂਚਨਾਂ

1.0 ਸਾਲ 2026 ਦੀਆਂ ਆਮ ਬਦਲੀਆਂ ਦੌਰਾਨ ਪੋਰਟਲ ਰਾਹੀਂ ਅਧਿਆਪਕ/ਕੰਪਿਊਟਰ ਫੈਕਲਟੀ/ਕਰਮਚਾਰੀ ਜੋ ਬਦਲੀ ਲਈ ਅਪਲਾਈ ਕਰਨਾ ਚਾਹੁੰਦੇ ਸਨ, ਪਾਸੋਂ ਜਨਤਕ ਸੂਚਨਾਵਾਂ ਜਾਰੀ ਕਰਦੇ ਹੋਏ ਮਿਤੀ 22.05.2026 ਤੱਕ ਆਨਲਾਈਨ ਦਰਖਾਸਤਾਂ ਦੀ ਮੰਗ ਕੀਤੀ ਗਈ ਸੀ। ਉਸ ਉਪਰੰਤ ਦਰਖਾਸਕਰਤਾ ਵਲੋਂ ਭਰੇ ਗਏ ਡਾਟਾ ਨੂੰ ਵੈਰੀਫਾਈ ਕਰਨ ਹਿੱਤ ਸਕੂਲ ਮੁੱਖੀ/ਡੀ.ਡੀ.ਓ ਨੂੰ ਮਿਤੀ 25.05.2026 ਤੋਂ 28.05.2026 ਤੱਕ ਦਾ ਸਮਾਂ ਦਿੱਤਾ ਗਿਆ ਸੀ।

2.0 ਬਦਲੀਆਂ ਦੇ ਪਹਿਲੇ ਗੇੜ ਦੌਰਾਨ ਜਿਲ੍ਹੇ ਦੇ ਅੰਦਰ (Within District) ਬਦਲੀਆਂ ਕਰਨ ਸਬੰਧੀ Station Choice ਲੈਣ ਉਪਰੰਤ ਜੋ ਅਧਿਆਪਕ/ਕੰਪਿਊਟਰ ਫੈਕਲਟੀ/ਕਰਮਚਾਰੀ ਬਦਲੀ ਕਰਵਾਉਣ ਵਿੱਚ ਸਫਲ ਹੋ ਗਏ ਸਨ ਉਹਨਾਂ ਦੇ ਹੁਕਮ ਕ੍ਰਮਵਾਰ ਮਿਤੀ 27.06.2026 ਅਤੇ ਮਿਤੀ 11.07.2026 ਨੂੰ ਜਾਰੀ ਕਰ ਦਿੱਤੇ ਗਏ ਹਨ। ਬਦਲੀਆਂ ਦੇ ਦੂਜੇ ਗੇੜ ਜਿਲ੍ਹੇ ਤੋਂ ਬਾਹਰ (Inter District) ਬਦਲੀਆਂ ਕਰਨ ਹਿੱਤ ਮਿਤੀ 15.07.2026 ਤੋਂ 16.07.2026 ਤੱਕ ਸਟੇਸਨ ਚੁਆਇਸ ਲਈ ਜਾ ਚੁੱਕੀ ਹੈ।

3.0 ਵਿਭਾਗ ਵਲੋਂ ਬਦਲੀਆਂ ਦੇ ਤੀਜੇ ਗੇੜ ਦੌਰਾਨ ਆਪਸੀ ਬਦਲੀ (Mutual Transfer) ਕਰਵਾਉਣ ਸਬੰਧੀ ਮੌਕਾ ਦਿੱਤਾ ਜਾਂਦਾ ਹੈ। ਜਿੰਨਾਂ ਦਰਖਾਸਤਕਰਤਾਵਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੈ ਅਤੇ ਉਹ ਆਪਸੀ ਬਦਲੀ (Mutual Transfer) ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈ ਪੰਜਾਬ ਪੋਰਟਲ ਤੇ ਲਾਗ ਇਨ ਕਰਕੇ ਬਦਲੀ ਲਈ ਮਿਤੀ 17.07.2026 (ਰਾਤ 12:00 ਵਜੇ) ਤੱਕ ਅਪਲਾਈ ਕਰ ਸਕਦੇ ਹਨ।

4.0 ਜਿਹੜੇ ਅਧਿਆਪਕ/ਕਰਮਚਾਰੀ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਹਨਾਂ ਨੂੰ ਬਦਲੀ ਵਾਲੇ ਸਟੇਸਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ, ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ।

5.0 ਜੇਕਰ ਕਿਸੇ ਅਧਿਆਪਕ/ਕੰਪਿਊਟਰ ਫੈਕਲਟੀ/ਕਰਮਚਾਰੀ ਨੂੰ ਸਟੇਸਨ ਚੁਆਇਸ ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿੰਨਾਂ ਦੀ ਫੋਨ ਨੰਬਰਾਂ ਦੀ ਸੂਚੀ epunjabschool portalਤੇ ਉਪਲਬਧ ਹੈ।

Paul
17.7.26

ਸਹਾਇਕ ਡਾਇਰੈਕਟਰ (ਟਰਾਂਸਫਰ ਸੈੱਲ)